ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

ਹਵਾਲਾ ਨੰ: 4.3.4.3/25

ਮਿਤੀ : 18.09.2019

ਵੱਲ

ਜਨਰਲ ਸਕੱਤਰ,
ਪੰਜਾਬੀ ਸਾਹਿਤ ਅਕੈਡਮੀ,
ਲੁਧਿਆਣਾ।

ਵਿਸ਼ਾ: ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਵੱਲੋਂ ਪੰਜਾਬੀ ਭਾਸ਼ਾ ਨੂੰ ਸਰਕਾਰੀ ਦਫ਼ਤਰਾਂ ਵਿਚ ਲਾਗੂ ਕਰਾਉਣ ਲਈ ਕੀਤੇ ਜਾਂਦੇ ਯਤਨਾਂ ਵਿਚ ਸਹਿਯੋਗ ਦੇਣ ਲਈ ਬੇਨਤੀ।

ਸ੍ਰੀ ਮਾਨ ਜੀ,

ਪਿਛਲੇ ਇੱਕ ਸਾਲ ਤੋਂ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ, ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪ੍ਰਚਾਰ ਲਈ ਸਰਗਰਮ ਹੈ।

ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬੀ ਭਾਸ਼ਾ ਤੇਜ਼ੀ ਨਾਲ ਸਰਕਾਰ, ਵਪਾਰ, ਪਰਿਵਾਰ ਅਤੇ ਸੱਭਿਆਚਾਰ ਵਿਚੋਂ ਅਲੋਪ ਹੁੰਦੀ ਜਾ ਰਹੀ ਹੈ। ਸਰਕਾਰੇ ਦਰਬਾਰੇ ਪੰਜਾਬੀ ਭਾਸ਼ਾ ਨੂੰ ਬਣਦਾ ਸਤਿਕਾਰ ਦਵਾਉਣ ਲਈ, ਭਾਈਚਾਰੇ ਵੱਲੋਂ ਵੱਖ-ਵੱਖ ਸਮੇਂ, ਪੰਜਾਬ ਸਰਕਾਰ ਨਾਲ ਚਿੱਠੀ ਪੱਤਰ ਕੀਤਾ ਜਾਂਦਾ ਹੈ। ਇਸ ਚਿੱਠੀ ਪੱਤਰ ਦੇ ਉਸਾਰੂ ਸਿੱਟੇ ਨਿਕਲ ਰਹੇ ਹਨ।

ਵੱਡੀ ਗਿਣਤੀ ਵਿਚ ਪੰਜਾਬੀ ਲੇਖਕ ਅਤੇ ਬੁੱਧੀਜੀਵੀ ਪੰਜਾਬੀ ਸਾਹਿਤ ਅਕੈਡਮੀ ਦੇ ਮੈਂਬਰ ਹਨ ਅਤੇ ਉਨ੍ਹਾਂ ਦੀ ਸਰਕਾਰੇ ਦਰਬਾਰੇ ਪਹੁੰਚ ਹੈ। ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਚਾਹੁੰਦਾ ਹੈ ਕਿ ਪੰਜਾਬੀ ਸਾਹਿਤ ਅਕੈਡਮੀ, ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ, ਮਾਂ ਬੋਲੀ ਪੰਜਾਬੀ ਦੇ ਵਿਕਾਸ ਅਤੇ ਪ੍ਰਚਾਰ ਲਈ ਵਿੱਢੇ ਸੰਘਰਸ਼ ਵਿਚ ਵੱਧ-ਚੜ੍ਹ ਕੇ ਹਿੱਸਾ ਲਵੇ।

ਭਾਈਚਾਰੇ ਵੱਲੋਂ 07.07.2019 ਨੂੰ ਚੇਅਰਮੈਨ, ਪੰਜਾਬ ਪਬਲਿਕ ਸਰਵਿਸ ਕਮਿਸ਼ਨ, ਪਟਿਆਲਾ ਨੂੰ ਇੱਕ ਪੱਤਰ ਲਿਖ ਕੇ ਕਮਿਸ਼ਨ ਵੱਲੋਂ ਲਏ ਜਾਂਦੇ ਇਮਤਿਹਾਨਾਂ ਨੂੰ ਕੇਵਲ ਅੰਗਰੇਜ਼ੀ ਦੀ ਥਾਂ, ਅੰਗਰੇਜ਼ੀ ਅਤੇ ਪੰਜਾਬੀ ਵਿਚ ਲਏ ਜਾਣ ਲਈ ਬੇਨਤੀ ਕੀਤੀ ਗਈ ਹੈ। ਇਸ ਪੱਤਰ ਦੀ ਨਕਲ ਆਪ ਜੀ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਪੰਜਾਬੀ ਸਾਹਿਤ ਅਕੈਡਮੀ ਵੱਲੋਂ ਅਤੇ ਇਸ ਦੇ ਪ੍ਰਬੁੱਧ ਅਤੇ ਅਸਰ ਰਸੂਖ਼ ਵਾਲੇ ਮੈਂਬਰਾਂ ਰਾਹੀਂ, ਇਹ ਮਸਲਾ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਅਤੇ ਪੰਜਾਬ ਸਰਕਾਰ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਉਠਾਓ ਤਾਂ ਜੋ ਕਮਿਸ਼ਨ ਨੂੰ ਇਮਤਿਹਾਨ ਪੰਜਾਬੀ ਵਿਚ ਲੈਣ ਲਈ ਮਜਬੂਰ ਹੋਣਾ ਪਵੇ। ਇੰਝ ਹੋਣ ਨਾਲ ਇੱਕ ਪਾਸੇ ਪੰਜਾਬੀ ਭਾਸ਼ਾ ਦਾ ਤੇਜ਼ੀ ਨਾਲ ਵਿਕਾਸ ਹੋਵੇਗਾ ਅਤੇ ਦੂਜੇ ਪਾਸੇ ਪੰਜਾਬ ਦੀ ਜਵਾਨੀ ਨੂੰ ਰੁਜ਼ਗਾਰ ਦੇ ਵੱਧ ਮੌਕੇ ਉਪਲਬਧ ਹੋਣ ਲੱਗਣਗੇ।

ਉਸਾਰੂ ਹੁੰਗਾਰੇ ਦੀ ਉਡੀਕ ਨਾਲ।

| | | |
|---|---|---|
| ਸੁਖਿੰਦਰ ਪਾਲ ਸਿੰਘ | ਮਹਿੰਦਰ ਸਿੰਘ ਸੇਖੋਂ | ਹਰਬਖਸ਼ ਸਿੰਘ ਗਰੇਵਾਲ |
| ਸਹਾਇਕ ਸੰਚਾਲਕ | ਸਹਾਇਕ ਸੰਚਾਲਕ | ਸਹਾਇਕ ਸੰਚਾਲਕ |

**ਨੱਥੀ:** ਚਿੱਠੀ ਮਿਤੀ 07.07.2019

PUNJABI BHASHA PASAAR BHAICHARA
ਸੰਪਰਕ/Contact : punjabibpbhaichara@gmail.com www.punjabibhashapasaarbhaichara.org
ਮੁੱਖ ਦਫਤਰ : 297, ਗਲੀ ਨੰ. 5, ਉਪਕਾਰ ਨਗਰ, ਸਿਵਿਲ ਲਾਈਨਜ਼, ਲੁਧਿਆਣਾ ।